# ਸੋਮਵਾਰ 11 ਦਸੰਬਰ 2017 ਤੋਂ ਐਤਵਾਰ 17 ਦਸੰਬਰ 2017 ਤੱਕ

- **12.12.17 ਮੰਗਲਵਾਰ:- 4.30 ਵਜ਼ੇ:-** ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਜਨਮ ਦਿਨ ਸਾਹਿਬਜ਼ਾਦਾ ਫਤਿਹ ਸਿੰਘ ਜੀ ਦੇ ਸਬੰਧ ਵਿੱਚ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ
- **13.12.17 ਬੁੱਧਵਾਰ: - 4.30 ਵਜ਼ੇ:-** ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ ।**ਦੇਗਾਂ ਦੀਆਂ ਸੇਵਾਵਾਂ: -** ਸ੍ਰ: ਮਨਜੀਤ ਸਿੰਘ ਸੇਖੋਂ, ਸ੍ਰ: ਅਮਰਜੀਤ ਸਿੰਘ , ਸ੍ਰ:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਹੀਰਾ ਜਵੈਲਰ, ਨੀਲ ਕਮਲ ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ਰ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

- **14.12.17 ਵੀਰਵਾਰ:-** ਸੰਗ੍ਰਾਂਦ ਪੋਹ ਦੀ।
- **6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

**15.12.17 ਸ਼ੁਕਰਵਾਰ:-**

- **10.00 ਵਜ਼ੇ:-** ਸ੍ਰ ਸੁਰਜੀਤ ਸਿੰਘ ਸਾਹੋਤਾ ਅਤੇ ਪਰਿਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ **ਸੇਵਾ ਹੋਵੇਗੀ।**
- **ਦੇਗਾਂ ਦੀਆਂ ਸੇਵਾਵਾਂ: -** ਸ੍ਰ ਸੁਰਜੀਤ ਸਿੰਘ ਸੇਖੋਂ, ਸ੍ਰ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ੍ਰ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ੍ਰ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ੍ਰ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ੍ਰ: ਗੁਰਦੇਵ ਸਿੰਘ ਔਲਖ ਸ੍ਰ: ਰਣਜੀਤ ਸਿੰਘ ਬਾਸੀ ਤੇ ਸਵ: ਨਿਰਮਲ ਸਿੰਘ ਪੁਰੇਵਾਲ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।

**16.12.17 ਸ਼ਨਿਚਰਵਾਰ: - 11.00 ਵਜੇ:-**ਬੀਬੀ ਸੁਖਵਿੰਦਰ ਕੌਰ ਅਤੇ ਪਰਿਵਾਰ ਵਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
**4.00 ਵਜ਼ੇ:-** ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

- **17.12.17 ਐਤਵਾਰ:-**
  **10.00 ਵਜ਼ੇ: -** ਸ੍ਰ ਸੁਰਜੀਤ ਸਿੰਘ ਸਾਹੋਤਾ ਅਤੇ ਪਰਿਵਾਰ ਵੱਲੋਂ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 10.00 ਵਜ਼ੇ ਪੈਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਸਤਿਕਾਰਯੋਗ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ।
- 21 ਦਸੰਬਰ ਸ਼ਹੀਦੀ ਵੱਡੇ ਸਾਹਿਬਜ਼ਾਦੇ
- 26 ਦਸੰਬਰ ਜਨਮ ਦਿਨ ਸ਼ਹੀਦ ਸ ਊਧਮ ਸਿੰਘ ਜੀ
- 26-28 ਦਸੰਬਰ ਸ਼ਹੀਦੀ ਛੋਟੇ ਸਾਹਿਬਜ਼ਾਦੇ

**Note: – Day & Time to book wedding in the Gurdwara Sahib: -** Wednesday: 11.00 AM –1.00 PM, Saturday: 11.00AM --1.00 PM, Sunday: 1.00PM--2.00PM. Contact S. Sadhu Singh Chhokar (General Secretary) 01274- 727938, Mob:- 07931833376

**Wednesday-Dastaar Sajauni class- from 5.15 PM -6.30 PM. Rehrass Sahib recited by children at 6.00 PM. Sikh Studies Classes for children age 5 up to GCSE level. Saturday-Sikh Studies Classes for children age 5 up to GCSE Level. From 4.00 PM-5.30 PM. Sunday- Children Paath classes up to Sukhmani Sahib First Group: 10.45 AM-11.30 AM. Second Group 11.30 AM-12.15 PM**

ਪੋਖਿ ਤੁਖਾਰੁ ਨ ਵਿਆਪਈ ਕੰਠਿ ਮਿਲਿਆ ਹਰਿ ਨਾਹੁ ॥ ਮਨੁ ਬੇਧਿਆ ਚਰਨਾਰਬਿੰਦ ਦਰਸਨਿ ਲਗੜਾ ਸਾਹੁ ॥ ਓਟ ਗੋਵਿੰਦ ਗੋਪਾਲ ਰਾਇ ਸੇਵਾ ਸੁਆਮੀ ਲਾਹੁ ॥ ਬਿਖਿਆ ਪੋਹਿ ਨ ਸਕਈ ਮਿਲਿ ਸਾਧੂ ਗੁਣ ਗਾਹੁ ॥ ਜਹ ਤੇ ਉਪਜੀ ਤਹ ਮਿਲੀ ਸਚੀ ਪ੍ਰੀਤਿ ਸਮਾਹੁ ॥ ਕਰੁ ਗਹਿ ਲੀਨੀ ਪਾਰਬ੍ਰਹਮਿ ਬਹੁੜਿ ਨ ਵਿਛੁੜੀਆਹੁ ॥ ਬਾਰਿ ਜਾਉ ਲਖ ਬੇਰੀਆ ਹਰਿ ਸਜਣੁ ਅਗਮ ਅਗਾਹੁ ॥ ਸਰਮ ਪਈ ਨਾਰਾਇਣੈ ਨਾਨਕ ਦਰਿ ਪਈਆਹੁ ॥ ਪੋਖੁ ਸ+ਹੰਦਾ ਸਰਬ ਸੁਖ ਜਿਸੁ ਬਖਸੇ ਵੇਪਰਵਾਹੁ ॥੧੧॥ {ਪੰਨਾ 135}

ਪਦਅਰਥ:- ਪੋਖਿ—ਪੋਹ ਮਹੀਨੇ ਵਿਚ । ਤੁਖਾਰੁ—ਕੱਕਰ, ਕੋਰਾ । ਨ ਵਿਆਪਈ—ਜ਼ੋਰ ਨਹੀਂ ਪਾਂਦਾ । ਕੰਠਿ—ਗਲ ਵਿਚ, ਗਲ ਨਾਲ (ਹਿਰਦੇ ਵਿਚ) । ਨਾਹੁ—ਨਾਥ, ਖਸਮ, ਪਤੀ । ਬੇਧਿਆ—ਵਿੰਨ੍ਹਿਆ ਜਾਂਦਾ ਹੈ । ਚਰਨਾਰਬਿੰਦ—ਚਰਨ-ਅਰਬਿੰਦ, ਚਰਨ ਕਮਲ । ਦਰਸਨਿ—ਦੀਦਾਰ ਵਿਚ । ਸਾਹੁ—ਇਕ ਇਕ ਸਾਹ, ਬ੍ਰਿਤੀ । ਲਾਹੁ—ਲਾਭ । ਬਿਖਿਆ—ਮਾਇਆ । ਸਾਧੂ—ਗੁਰੂ । ਗੁਣ ਗਾਹੁ—ਗੁਣਾਂ ਦੀ ਵਿਚਾਰ, ਗੁਣਾਂ ਵਿਚ ਚੁੱਭੀ । ਜਹ ਤੇ—ਜਿਸ ਪ੍ਰਭੂ ਤੋਂ । ਸਮਾਹੁ—ਲਿਵ । ਕਰੁ—ਹੱਥ । ਗਹਿ—ਫੜ ਕੇ । ਪਾਰਬ੍ਰਹਮਿ—ਪਾਰਬ੍ਰਹਮ ਨੇ । ਬਾਰਿ ਜਾਉ—ਮੈਂ ਵਾਰਨੇ ਜਾਂਦੀ ਹਾਂ । ਬੇਰੀਆ—ਵਾਰੀ । ਅਗਮ—ਅਪਹੁੰਚ । ਅਗਾਹੁ—ਅਗਾਧ, ਡੂੰਘੇ ਜਿਗਰੇ ਵਾਲਾ । ਸਰਮ—ਲਾਜ । ਸਰਮ ਪਈ—ਇੱਜ਼ਤ ਰੱਖਣੀ ਪਈ । ਦਰਿ—ਦਰ ਉਤੇ । ਸੁੋਹੰਦਾ— {ਅਸਲ ਲਫ਼ਜ਼ 'ਸੋਹੰਦਾ' ਹੈ, ਪਾਠ 'ਸੁਹੰਦਾ' ਕਰਨਾ ਹੈ । ਅੱਖਰ 'ਸ' ਦੇ ਨਾਲ ੋ ਅਤੇ ੁ ਦੋਵੇ ਲਗਾਂ ਵਰਤੀਆਂ ਹਨ} ਸੋਹਣਾ ਲੱਗਦਾ ਹੈ ।

ਅਰਥ:- ਪੋਹ ਦੇ ਮਹੀਨੇ ਜਿਸ ਜੀਵ-ਇਸਤ੍ਰੀ ਦੇ ਗਲ ਨਾਲ (ਹਿਰਦੇ ਵਿਚ) ਪ੍ਰਭੂ-ਪਤੀ ਲੱਗਾ ਹੋਇਆ ਹੋਵੇ ਉਸ ਨੂੰ ਕੱਕਰ (ਮਨ ਦੀ ਕਠੋਰਤਾ, ਕੋਰਾਪਨ) ਜ਼ੋਰ ਨਹੀਂ ਪਾ ਸਕਦਾ, (ਕਿਉਂਕਿ) ਉਸਦੀ ਬ੍ਰਿਤੀ ਪ੍ਰਭੂ ਦੇ ਦੀਦਾਰ ਦੀ ਤਾਂਘ ਵਿਚ ਜੁੜੀ ਰਹਿੰਦੀ ਹੈ, ਉਸ ਦਾ ਮਨ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਵਿੱਝਾ ਰਹਿੰਦਾ ਹੈ ।

ਜਿਸ ਜੀਵ-ਇਸਤ੍ਰੀ ਨੇ ਗੋਬਿੰਦ ਗੋਪਾਲ ਦਾ ਆਸਰਾ ਲਿਆ ਹੈ, ਉਸ ਨੇ ਪ੍ਰਭੂ-ਪਤੀ ਦੀ ਸੇਵਾ ਦਾ ਲਾਭ ਖੱਟਿਆ ਹੈ, ਮਾਇਆ ਉਸ ਨੂੰ ਪੋਹ ਨਹੀਂ ਸਕਦੀ, ਗੁਰੂ ਨੂੰ ਮਿਲ ਕੇ ਉਸ ਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਚੁੱਭੀ ਲਾਈ ਹੈ । ਜਿਸ ਪਰਮਾਤਮਾ ਤੋਂ ਉਸ ਨੇ ਜਨਮ ਲਿਆ ਹੈ, ਉਸੇ ਵਿਚ ਉਹ ਜੁੜੀ ਰਹਿੰਦੀ ਹੈ, ਉਸ ਦੀ ਲਿਵ ਪ੍ਰਭੂ ਦੀ ਪ੍ਰੀਤ ਵਿਚ ਲੱਗੀ ਰਹਿੰਦੀ ਹੈ । ਪਾਰਬ੍ਰਹਮ ਨੇ (ਉਸ ਦਾ) ਹੱਥ ਫੜ ਕੇ (ਉਸ ਨੂੰ ਆਪਣੇ ਚਰਨਾਂ ਵਿਚ) ਜੋੜਿਆ ਹੁੰਦਾ ਹੈ, ਉਹ ਮੁੜ (ਉਸ ਦੇ ਚਰਨਾਂ ਤੋਂ) ਵਿੱਛੁੜਦੀ ਨਹੀਂ । (ਪਰ) ਉਹ ਸੱਜਣ ਪ੍ਰਭੂ ਬੜਾ ਅਪਹੁੰਚ ਹੈ, ਬੜਾ ਡੂੰਘਾ ਹੈ, ਮੈਂ ਉਸ ਤੋਂ ਲਖ ਵਾਰੀ ਕੁਰਬਾਨ ਹਾਂ । ਹੇ ਨਾਨਕ! (ਉਹ ਬੜਾ ਦਿਆਲ ਹੈ) ਦਰ ਉੱਤੇ ਡਿੱਗਿਆਂ ਦੀ ਉਸ ਪ੍ਰਭੂ ਨੂੰ ਇੱਜ਼ਤ ਰੱਖਣੀ ਹੀ ਪੈਂਦੀ ਹੈ ।

ਜਿਸ ਉੱਤੇ ਉਹ ਬੇ-ਪਰਵਾਹ ਪ੍ਰਭੂ ਮਿਹਰ ਕਰਦਾ ਹੈ, ਉਸ ਨੂੰ ਪੋਹ ਦਾ ਮਹੀਨਾ ਸੁਹਾਵਣਾ ਲੱਗਦਾ ਹੈ ਉਸ ਨੂੰ ਸਾਰੇ ਹੀ ਸੁਖ ਮਿਲ ਜਾਂਦੇ ਹਨ ।11।